ਦਫ਼ਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਪੰਜਾਬ ਸਰਕਾਰ ਕਣਕ ਦੀ ਫਸਲ ਦਾ ਇੱਕ ਇੱਕ ਦਾਣਾ ਖਰੀਦਣ ਲਈ ਵਚਨਬੱਧ : ਨਾਗਰਾ

ਮੰਡੀਆਂ ਵਿੱਚ ਕਿਸਾਨਾਂ ਨੂੰ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਦਿੱਕਤ

ਵਿਧਾਇਕ ਨਾਗਰਾ ਨੇ 15 ਅਪ੍ਰੈਲ ਤੋਂ ਸ਼ੁਰੂ ਹੋਣ ਵਾਲੀ ਕਣਕ ਦੀ ਖਰੀਦ ਸਬੰਧੀ ਮੰਡੀ ਬੋਰਡ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ

ਅਧਿਕਾਰੀਆਂ ਨੂੰ ਮੰਡੀਆਂ ਵਿੱਚ ਸਾਰੇ ਪੁਖਤਾ ਪ੍ਰਬੰਧ ਕਰਨ ਦੇ ਆਦੇਸ਼

ਸਬਜ਼ੀਆਂ ਦੀ ਨਿਰਵਿਘਨ ਸਪਲਾਈ ਯਕੀਨੀ ਬਨਾਉਣ ਲਈ ਵੀ ਕਿਹਾ

ਫ਼ਤਹਿਗੜ੍ਹ ਸਾਹਿਬ, 01 ਅਪ੍ਰੈਲ

ਪੰਜਾਬ ਸਰਕਾਰ ਕਣਕ ਦੀ ਫਸਲ ਦਾ ਇੱਕ ਇੱਕ ਦਾਣਾ ਖਰੀਦਣ ਲਈ ਵਚਨਬੱਧ ਹੈ ਅਤੇ ਮੰਡੀਆਂ ਵਿੱਚ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ। ਇਹ ਪ੍ਰਗਟਾਵਾ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਮਾਰਕੀਟ ਕਮੇਟੀ ਸਰਹਿੰਦ ਵਿਖੇ ਅਧਿਕਾਰੀਆਂ ਤੇ ਆੜਤੀਆਂ ਨਾਲ 15 ਅਪ੍ਰੈਲ ਤੋਂ ਸ਼ੁਰੂ ਹੋਣ ਵਾਲੀ ਕਣਕ ਦੀ ਖਰੀਦ ਸਬੰਧੀ ਕੀਤੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ।

ਵਿਧਾਇਕ ਨੇ ਕਿਹਾ ਕਿ ਦੇਸ਼ ਭਰ ਵਿਚ ਲਾਗੂ ਤਾਲਾਬੰਦੀ ਅਤੇ ਕੋਰੋਨਾ ਵਾਇਰਸ ਦੀ ਬੀਮਾਰੀ ਦਾ ਟਾਕਰਾ ਕਰਨ ਲਈ ਅਪਣਾਈ ਗਈ ਸਮਾਜਿਕ ਦੂਰੀ ਦੀ ਨੀਤੀ ਦੇ ਮੱਦੇਨਜ਼ਰ ਅਤੇ ਕਿਸਾਨਾਂ ਦੀ ਸਿਹਤ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬ ਸਰਕਾਰ ਵੱਲੋਂ ਕਣਕ ਦੀ ਖਰੀਦ 15 ਅਪ੍ਰੈਲ ਤੋਂ 15 ਜੂਨ ਤੱਕ ਕਰਨ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ 15 ਅਪ੍ਰੈਲ 2020 ਤੋਂ ਆਪਣੀ ਫ਼ਸਲ ਨੂੰ ਮੰਡੀ ਵਿੱਚ ਲਿਆਉਣ ਦੀ ਤਿਆਰੀ ਕਰਨ।

ਵਿਧਾਇਕ ਨਾਗਰਾ ਨੇ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਨੂੰ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਪੁਖਤਾ ਪ੍ਰਬੰਧ ਕੀਤੇ ਜਾਣ ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਵਿੱਚ ਕਿਸੇ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਸ. ਨਾਗਰਾ ਨੇ ਅਧਿਕਾਰੀਆਂ ਨੂੰ ਕਿਹਾ ਕਿ ਕਰਫਿਊ ਦੌਰਾਨ ਲੋਕਾਂ ਦੇ ਘਰਾਂ ਤੱਕ ਸਬਜ਼ੀਆਂ ਦੀ ਸਪਲਾਈ ਵੀ ਯਕੀਨੀ ਬਣਾਈ ਜਾਵੇ ਅਤੇ ਇਸ ਸਬੰਧੀ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਾ ਆਉਣ ਦਿੱਤੀ ਜਾਵੇ ਅਤੇ ਨਾਲ ਹੀ ਇਹ ਗੱਲ ਵੀ ਯਕੀਨੀ ਬਣਾਈ ਜਾਵੇ ਕਿ ਕੋਈ ਵੀ ਵਿਅਕਤੀ ਸਬਜ਼ੀ ਦਾ ਭਾਅ ਵਧਾ ਚੜ੍ਹਾ ਕੇ ਨਾ ਲਾਵੇ। ਇਸ ਮੌਕੇ ਸਕੱਤਰ ਮਾਰਕੀਟ ਕਮੇਟੀ ਗਗਨਦੀਪ ਸਿੰਘ,ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਭੁਪਿੰਦਰ ਸਿੰਘ ਨੰਬਰਦਾਰ ਆਦਿ ਹਾਜ਼ਰ ਸਨ।

---------------------------------------------

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ ਕੋਰੋਨਾ ਵਾਇਰਸ ਦਾ ਇਕ ਵੀ ਕੇਸ ਨਹੀਂ ਆਇਆ ਸਾਹਮਣੇ

ਹੁਣ ਤੱਕ ਸਾਹਮਣੇ ਆਏ 15 ਸ਼ੱਕੀ ਮਰੀਜ਼ਾਂ ਦੀਆਂ ਰਿਪੋਰਟਾਂ ਆਈਆਂ  ਨੈਗੇਟਿਵ

ਕੋਰੋਨਾ ਵਾਇਰਸ ਨਾਲ ਨਿਪਟਣ ਲਈ  ਕੀਤੇ ਗਏ ਹਨ ਪੁਖਤਾ ਪ੍ਰਬੰਧ

ਕੋਰੋਨਾ ਵਾਇਰਸ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਹਦਾਇਤਾਂ ਦੀ ਪਾਲਣਾ ਜ਼ਰੂਰੀ

ਫਤਹਿਗੜ੍ਹ ਸਾਹਿਬ, 01 ਅਪ੍ਰੈਲ

ਵਧੀਕ ਡਿਪਟੀ ਕਮਿਸ਼ਨਰ-ਕਮ- ਨੋਡਲ ਅਫਸਰ ਕੋਵਿਡ-19 ਕੰਟਰੋਲ, ਸ੍ਰੀ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹਾਲੇ ਤੱਕ ਕੋਰੋਨਾ ਵਾਇਰਸ ਤੋਂ ਪੀੜਤ ਇਕ ਵੀ ਕੇਸ ਸਾਹਮਣੇ ਨਹੀਂ ਆਇਆ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ 15 ਸ਼ੱਕੀ ਮਰੀਜ਼ ਸਾਹਮਣੇ ਆਏ ਸਨ, ਜਿਨ੍ਹਾਂ ਦੀਆਂ ਰਿਪੋਰਟਾਂ ਨੈਗੇਟਿਵ ਆਈਆਂ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਵਿਦੇਸ਼ਾਂ ਤੋਂ ਆਏ ਸਾਰੇ 752 ਵਿਅਕਤੀਆਂ ਨੂੰ ਟਰੇਸ ਕਰ ਲਿਆ ਗਿਆ ਸੀ। ਇਨ੍ਹਾਂ ਵਿਚੋਂ 591 ਆਪਣਾ ਇਕਾਂਤਵਾਸ (ਕੁਆਰੰਟੀਨ) ਦਾ ਸਮਾਂ ਪੂਰਾ ਕਰ ਚੁੱਕੇ ਹਨ ਤੇ ਰਹਿੰਦੇ 161 ਵਿਅਕਤੀਆਂ ਨੂੰ ਘਰ ਵਿਚ ਹੀ ਇਕਾਂਤਵਾਸ ਕੀਤਾ ਗਿਆ ਹੈ। ਵਧੀਕ ਡਿਪਟੀ ਕਮਿਸ਼ਨਰ-ਕਮ- ਨੋਡਲ ਅਫਸਰ ਕੋਵਿਡ-19 ਕੰਟਰੋਲ ਨੇ ਕਿਹਾ ਕਿ ਦੁਨੀਆਂ ਭਰ ਵਿੱਚ ਕੋਰੋਨਾ ਵਾਇਰਸ ਦੇ ਵਧ ਰਹੇ ਕੇਸਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ।

ਇਸ ਮੌਕੇ ਸਿਵਲ ਸਰਜਨ ਡਾ ਐਨ.ਕੇ. ਅਗਰਵਾਲ ਨੇ ਆਮ ਜਨਤਾ ਨੂੰ ਅਪੀਲ ਕਰਦਿਆਂ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਵਿਭਾਗ ਵੱਲੋਂ ਦਿੱਤੀਆਂ ਜ਼ਰੂਰੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ਤਾਂ ਕਿ ਇਸ ਬਿਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਉਹਨਾਂ ਦੱਸਿਆ ਕਿ ਆਪਣੇ ਹੱਥਾਂ ਨੂੰ ਵਾਰ-ਵਾਰ ਸਾਬਣ ਅਤੇ ਪਾਣੀ ਨਾਲ ਧੋਇਆ ਜਾਵੇ।ਖੰਘ ਜਾਂ ਛਿੱਕਣ ਸਮੇਂ ਆਪਣਾ ਮੂੰਹ ਅਤੇ ਨੱਕ ਰੁਮਾਲ ਨਾਲ ਢੱਕਿਆ ਜਾਵੇ ਕਿਉਂਕਿ ਇਹ ਬਿਮਾਰੀ ਇੱਕ ਪੀੜਤ ਵਿਅਕਤੀ ਤੋਂ ਤੰਦਰੁਸਤ ਵਿਅਕਤੀ ਨੂੰ ਥੁੱਕ ਕਣਾਂ ਰਾਹੀਂ ਫੈਲਦੀ ਹੈ।ਇਸ ਲਈ ਫਲੂ ਵਰਗੇ ਲੱਛਣਾਂ ਵਾਲੇ ਵਿਅਕਤੀ ਤੋਂ ਇੱਕ ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ।ਕਿਸੇ ਵੀ ਵਿਅਕਤੀ ਨਾਲ ਹੱਥ ਨਾ ਮਿਲਾਇਆ ਜਾਵੇ। ਖੰਘ,ਬੁਖਾਰ ਜਾਂ ਸਾਹ ਲੈਣ ਵਿੱਚ ਦਿੱਕਤ ਆਉਣ ਦੀ ਸੂਰਤ ਵਿੱਚ, ਤੁਰੰਤ ਸਿਹਤ ਵਿਭਾਗ ਨੂੰ ਸੂਚਿਤ ਕੀਤਾ ਜਾਵੇ।ਉਹਨਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਇਸ ਬਿਮਾਰੀ ਨਾਲ ਨਿਪਟਣ ਲਈ ਜਿਲ੍ਹੇ ਅੰਦਰ ਪੁਖਤਾ ਪ੍ਰਬੰਧ ਕੀਤੇ ਗਏ ਹਨ।ਜ਼ਿਲ੍ਹੇ ਅਧੀਨ ਪੈਂਦੇ ਹਸਪਤਾਲਾਂ ਵਿੱਚ ਕੋਰੋਨਾ ਦੇ ਸ਼ੱਕੀ ਮਰੀਜ਼ਾਂ ਨੂੰ

ਦਾਖਲ ਕਰਨ ਲਈ ਆਈਸੋਲੇਸ਼ਨ ਵਾਰਡ ਬਣਾਏ ਗਏ ਹਨ।ਉਹਨਾਂ ਕਿਹਾ ਕਿ ਇਸ ਬਿਮਾਰੀ ਤੋਂ ਡਰਨ ਦੀ ਬਜਾਏ ਵਿਭਾਗ ਅਤੇ ਸਰਕਾਰ ਵੱਲੋਂ ਸਮੇਂ ਸਮੇਂ ਉਤੇ ਦਿੱਤੀਆਂ ਜਾ ਰਹੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

-------------------------------------------

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਵਾਸੀਆਂ ਲਈ ਵੱਡੀ ਰਾਹਤ ਸਾਬਤ ਹੋਏ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਥਾਪਿਤ ਕੀਤੇ ਕੰਟਰੋਲ ਰੂਮ ਤੇ ਕਾਲ ਸੈਂਟਰ

5500 ਤੋਂ ਵੱਧ ਸ਼ਿਕਾਇਤਾਂ ਦਾ ਕੀਤਾ ਫੌਰੀ ਨਿਪਟਾਰਾ

ਕੰਟਰੋਲ ਰੂਮਾਂ 'ਤੇ ਆਈਆਂ ਸ਼ਿਕਾਇਤਾਂ ਦਾ ਫੌਰੀ ਕੀਤਾ ਗਿਆ ਨਿਪਟਾਰਾ

ਸਮੇਂ ਬੀਤਣ ਦੇ ਨਾਲ ਨਾਲ ਸ਼ਿਕਾਇਤਾਂ 'ਚ ਆਈ ਕਮੀਂ

ਫ਼ਤਹਿਗੜ੍ਹ ਸਾਹਿਬ, 01 ਅਪ੍ਰੈਲ

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਜ਼ਿਲ੍ਹਾ ਪੱਧਰ ਅਤੇ ਸਬ ਡਵੀਜ਼ਨ ਪੱਧਰ 'ਤੇ ਸਥਾਪਤ ਕੀਤੇ ਗਏ ਕੰਟਰੋਲ ਰੂਮ ਤੇ ਕਾਲ ਸੈਂਟਰ ਆਮ ਲੋਕਾਂ ਲਈ ਬੇਹੱਦ ਸਹਾਈ ਸਿੱਧ ਹੋਏ ਹਨ ਅਤੇ ਹੁਣ ਤੱਕ ਇਨ੍ਹਾਂ ਕੰਟਰੋਲ ਰੂਮਾਂ ਤੇ ਕਾਲ ਸੈਂਟਰਾਂ 'ਤੇ ਆਈਆਂ 5500 ਤੋਂ ਵੱਧ ਸ਼ਿਕਾਇਤਾਂ ਦਾ ਫੌਰੀ ਨਿਪਟਾਰਾ ਕੀਤਾ ਗਿਆ ਹੈ ਤੇ ਸਮਾਂ ਬੀਤਣ ਨਾਲ ਕੰਟਰੋਲ ਰੂਮਾਂ ਵਿਖੇ ਪ੍ਰਾਪਤ

ਹੋਣ ਵਾਲੀਆਂ ਸਿਕਾਇਤਾਂ ਵਿੱਚ ਵੱਡੀ ਕਮੀ ਆਈ ਹੈ ਕਿਉਂਕਿ ਸਾਰੀਆਂ ਲੋੜੀਂਦੀਆਂ ਚੀਜ਼ਾਂ ਲੋਕਾਂ ਦੇ ਘਰਾਂ ਤੱਕ ਨਿਰਵਿਘਨ ਪੁੱਜਦੀਆਂ ਕੀਤੀਆਂ ਜਾ ਰਹੀਆਂ ਹਨ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ 26 ਮਾਰਚ ਤੋਂ ਪਹਿਲਾਂ 4500 ਤੋਂ ਵੱਧ ਅਤੇ 26 ਮਾਰਚ ਤੋਂ ਹੁਣ ਤੱਕ 1000 ਤੋਂ ਵੱਧ ਸ਼ਿਕਾਇਤਾਂ ਪ੍ਰਾਪਤ ਹੋਈਆਂ। ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਇਹ ਕੰਟਰੋਲ ਰੂਮ ਆਮ ਲੋਕਾਂ ਦੀ ਸਹੂਲਤ ਲਈ ਸਥਾਪਤ ਕੀਤੇ ਗਏ ਹਨ ਤਾਂ ਜੋ ਜ਼ਿਲ੍ਹਾ ਨਿਵਾਸੀਆਂ ਨੂੰ ਇਸ ਔਖੀ ਘੜੀ ਵਿੱਚ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ ।

ਸ਼੍ਰੀਮਤੀ ਗਿੱਲ ਨੇ ਦੱਸਿਆ ਕਿ ਜ਼ਿਲ੍ਹਾ ਪੱਧਰ 'ਤੇ ਆਮ ਸ਼ਿਕਾਇਤਾਂ ਦੇ ਨਿਪਟਾਰੇ ਲਈ ਸਥਾਪਤ ਕੀਤੇ ਗਏ ਕੰਟਰੋਲ ਰੂਮ ਦਾ ਨੰਬਰ 01763-232217, ਸਬ ਡਵੀਜ਼ਨ ਫ਼ਤਹਿਗੜ੍ਹ ਸਾਹਿਬ ਲਈ ਸਥਾਪਤ ਕੀਤੇ ਕਾਲ ਸੈਂਟਰ ਦਾ ਨੰਬਰ 01763-232838, ਸਬ ਡਵੀਜ਼ਨ ਬਸੀ ਪਠਾਣਾ ਦੇ ਲੋਕਾਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਸਥਾਪਤ ਕੀਤੇ ਕਾਲ ਸੈਂਟਰ ਦਾ ਨੰਬਰ 01763-232165, ਅਮਲੋਹ ਤੇ ਮੰਡੀ ਗੋਬਿੰਦਗੜ੍ਹ ਲਈ ਸਥਾਪਤ ਕੀਤੇ ਕਾਲ ਸੈਂਟਰ ਦਾ ਨੰਬਰ 01763-232498 ਅਤੇ ਖਮਾਣੋਂ ਲਈ ਸਥਾਪਤ ਕੀਤੇ ਕਾਲ ਸੈਂਟਰ ਦਾ ਨੰਬਰ 01763-233845 ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਪੈਦਾ ਹੋਈ ਸਥਿਤੀ ਦੇ ਮੱਦੇ ਨਜ਼ਰ ਸਥਾਪਤ ਕੀਤੇ ਕੰਟਰੋਲ ਰੂਮ ਤੇ ਕਾਲ ਸੈਂਟਰ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਅਹਿਮ ਭੂਮਿਕਾਵਾਂ ਨਿਭਾ ਰਹੇ ਹਨ ਅਤੇ ਇਨ੍ਹਾਂ ਕੰਟਰੋਲ ਰੂਮ ਤੇ ਕਾਲ ਸੈਂਟਰਾਂ 'ਤੇ ਡਿਊਟੀ 'ਤੇ ਤਾਇਨਾਤ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਵੀ ਸ਼ਲਾਘਾਯੋਗ ਯੋਗਦਾਨ ਪਾਇਆ ਜਾ ਰਿਹਾ ਹੈ । ਉਨ੍ਹਾਂ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪ੍ਰਸ਼ਾਸਨ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ ਹੈ ਇਸ ਲਈ ਲੋਕ ਵੀ ਪ੍ਰਸ਼ਾਸਨ ਨੂੰ ਆਪਣਾ ਸਹਿਯੋਗ ਦੇਣ। ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਿਹਤ ਵਿਭਾਗ ਵੱਲੋਂ ਜਾਰੀ ਕੀਤੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕੀਤੀ ਜਾਵੇ ਅਤੇ ਕਰਫਿਊ ਦੌਰਾਨ ਲੋਕ ਆਪਣੇ ਘਰਾਂ ਵਿੱਚ ਹੀ ਰਹਿਣ।

------------------------------------------------------

ਦਫ਼ਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਵਾਸੀਆਂ ਦੇ ਘਰਾਂ ਤੱਕ  ਲੋੜੀਂਦੀਆਂ ਚੀਜ਼ਾਂ ਦੀ ਸਪਲਾਈ ਨਿਰਵਿਘਨ ਜਾਰੀ

ਜਿਲ੍ਹਾ ਵਾਸੀਆਂ ਨੂੰ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਦਿੱਕਤ

ਲੋੜੀਂਦੇ ਸਮਾਨ ਦੀ ਸਪਲਾਈ ਵਿੱਚ ਨਹੀਂ ਆਉਣ ਦਿੱਤੀ ਜਾਵੇਗੀ ਕਮੀਂ

ਫ਼ਤਹਿਗੜ੍ਹ ਸਾਹਿਬ, 01 ਅਪ੍ਰੈਲ :

ਕੋਰੋਨਾ ਵਾਇਰਸ ਤੋਂ ਬਚਾਅ ਲਈ ਲਗਾਏ ਗਏ ਕਰਫਿਊ ਦੌਰਾਨ ਲੋਕਾਂ ਨੂੰ ਦਿੱਕਤਾਂ ਦਾ ਸਾਹਮਣਾ ਨਾ ਕਰਨਾ ਪਵੇ ਇਸ ਲਈ ਜ਼ਿਲ੍ਹਾ ਵਾਸੀਆਂ ਨੂੰ ਘਰਾਂ ਤੱਕ ਲੋੜੀਂਦੀਆਂ ਚੀਜਾਂ ਦੀ ਸਪਲਾਈ ਨਿਰਵਿਘਨ ਜਾਰੀ ਹੈ ਅਤੇ ਲੋੜੀਂਦੀਆਂ ਵਸਤਾਂ ਆਮ ਲੋਕਾਂ ਤੱਕ ਪੁੱਜਦੀਆਂ ਕਰਨ ਵਿੱਚ ਕਿਸੇ ਕਿਸਮ ਦੀ ਕਮੀਂ ਨਹੀਂ ਆਉਣ ਦਿੱਤੀ ਜਾਵੇਗੀ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਲੋੜੀਂਦੀਆਂ ਵਸਤਾਂ ਮੰਗਾਉਣ ਸਬੰਧੀ ਸੂਚੀਆਂ ਵੱਖ ਵੱਖ ਸੰਚਾਰ ਸਾਧਨਾਂ ਰਾਹੀਂ ਲੋਕਾਂ ਤੱਕ ਪੁੱਜਦੀਆਂ ਕੀਤੀਆਂ ਹੋਈਆਂ ਹਨ, ਉਨ੍ਹਾਂ ਸੂਚੀਆਂ ਵਿੱਚ ਦਿੱਤੇ ਗਏ ਫੋਨ ਨੰਬਰਾਂ 'ਤੇ ਕਾਲ ਕਰਕੇ ਲੋਕ ਲੋੜੀਂਦਾ ਸਮਾਨ ਮੰਗਵਾ ਰਹੇ ਹਨ। ਉਨ੍ਹਾਂ ਦੱਸਿਆ ਕਿ ਲੋੜਵੰਦਾਂ ਤੱਕ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਤਿਆਰ ਕੀਤਾ ਹੋਇਆ ਖਾਣਾ ਪੁੱਜਦਾ ਕੀਤਾ ਜਾ ਰਿਹਾ ਹੈ। ਇਨ੍ਹਾਂ ਸਾਰੀਆਂ ਗਤੀਵਿਧੀਆਂ ਵਿਚ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਕਰੋਨਾ ਵਾਇਰਸ ਤੋਂ ਬਚਾਅ ਸਬੰਧੀ ਪੰਜਾਬ ਸਰਕਾਰ ਤੇ ਜਿਲ੍ਹਾ ਪ੍ਰਸ਼ਾਸਨ ਨੂੰ ਸਹਿਯੋਗ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਜਿਲ੍ਹਾ ਪ੍ਰਸਾਸ਼ਨ ਲੋਕਾਂ ਦੀਆਂ ਸਾਰੀਆਂ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ ਹੈ ।

------------------------------------------

ਜਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਲੋੜਵੰਦਾਂ ਨੂੰ ਮੁਹੱਈਆ ਕਰਵਾਇਆ ਜਾ ਰਿਹੈ ਹੈ ਤਿਆਰ ਖਾਣਾ: ਨਾਗਰਾ

ਪਿੰਡਾਂ ਦੇ ਲੋਕਾਂ ਵੱਲੋਂ ਪੰਜਾਬ ਸਰਕਾਰ ਤੇ ਜਿ.ਲ੍ਹਾ ਪ੍ਰਸ਼ਾਸ਼ਨ ਨੂੰ ਦਿੱਤੇ ਜਾ ਰਹੇ ਸਹਿਯੋਗ ਦੀ ਕੀਤੀ ਸ਼ਲਾਘਾ

ਪਿੰਡ ਪੰਡਰਾਲੀ ਸਮੇਤ ਵੱਖ ਵੱਖ ਪਿੰਡਾਂ ਵਿੱਚ ਲੋੜਵੰਦਾਂ ਲਈ ਚਲਾਏ ਜਾ ਰਹੇ ਨੇ ਲੰਗਰ

ਫ਼ਤਹਿਗੜ੍ਹ ਸਾਹਿਬ, 01 ਅਪ੍ਰੈਲ

ਕੋਰੋਨਾ ਵਾਇਰਸ ਕਾਰਨ ਪੈਦਾ ਹੋਈ ਸਥਿਤੀ ਦੇ ਮੱਦੇਨਜ਼ਰ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਸਹੂਲਤ ਦੇ ਪੁਖਤਾ ਇੰਤਜਾਮ ਕੀਤੇ ਗਏ ਹਨ ਅਤੇ ਲੋੜਵੰਦਾਂ ਨੂੰ ਤਿਆਰ ਖਾਣਾ ਮੁਹੱਈਆ ਕਰਵਾਉਣ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਪਿੰਡ ਪੰਡਰਾਲੀ ਸਮੇਤ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਵਿੱਚ ਗ੍ਰਾਮ ਪੰਚਾਇਤਾਂ ਵੱਲੋਂ ਲੋੜਵੰਦਾਂ ਲਈ ਚਲਾਏ ਜਾ ਰਹੇ ਲੰਗਰਾਂ ਸਬੰਧੀ ਗੱਲਬਾਤ ਕਰਦਿਆਂ ਕੀਤਾ।

ਸ. ਨਾਗਰਾ ਨੇ ਕਿਹਾ ਕਿ ਇਸ ਔਖੀ ਘੜੀ ਵਿੱਚ ਲੋਕਾਂ ਵੱਲੋਂ ਪ੍ਰਸ਼ਾਸਨ ਨੂੰ ਦਿੱਤਾ ਜਾ ਰਿਹਾ ਸਹਿਯੋਗ ਵੀ ਸ਼ਲਾਘਾਯੋਗ ਹੈ। ਵਿਧਾਇਕ ਨਾਗਰਾ ਨੇ ਸਮਾਜ ਦੇ ਹਰੇਕ ਵਰਗ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਕੋਰੋਨਾ ਵਾਇਰਸ ਕਾਰਨ ਪੈਦਾ ਹੋਏ ਹਾਲਾਤ ਦੇ ਮੱਦੇਨਜ਼ਰ ਸਰਕਾਰ ਨੂੰ ਪੂਰਨ ਸਹਿਯੋਗ ਦਿੱਤਾ ਜਾਵੇ ਤਾਂ ਜੋ ਕਿਸੇ ਵੀ ਵਿਅਕਤੀ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਸ. ਨਾਗਰਾ ਨੇ ਤਿਆਰ ਖਾਣਾ ਵੰਡਣ ਦੀ ਸੇਵਾ ਕਰਨ ਦੇ ਚਾਹਵਾਨ ਵਿਅਕਤੀਆਂ ਤੇ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਜਿੱਥੇ ਕਿਤੇ ਵੀ ਤਿਆਰ ਖਾਣਾ ਵੰਡਿਆ ਜਾਂਦਾ ਹੈ, ਉਥੇ ਸਿਹਤ ਵਿਭਾਗ ਦੀਆਂ ਹਦਾਇਤਾਂ ਦੀ ਇਨ ਬਿਨ ਪਾਲਣਾ ਯਕੀਨੀ ਬਣਾਈ ਜਾਵੇ।

ਹਲਕਾ ਵਿਧਾਇਕ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਹਾਲੇ ਤੱਕ ਕੋਰੋਨਾ ਵਾਇਰਸ ਸਬੰਧੀ ਇਕ ਵੀ ਕੇਸ ਸਾਹਮਣੇ ਨਹੀਂ ਆਇਆ। ਲੋਕ ਸਰਕਾਰ ਵੱਲੋਂ ਜਾਰੀ ਨਿਰਦੇਸ਼ਾਂ ਦੀ ਇਨ ਬਿਨ ਪਾਲਣਾ ਯਕੀਨੀ

ਬਨਾਉਣ ਤੇ ਘਰਾਂ ਵਿੱਚ ਰਹਿ ਕੇ ਹੀ ਇਸ ਬਿਮਾਰੀ ਨੂੰ ਠੱਲ੍ਹਣ ਵਿੱਚ ਸਰਕਾਰ ਨੂੰ ਸਹਿਯੋਗ ਦੇਣ। ਉਨ੍ਹਾਂ ਨੇ ਇਸ ਮੌਕੇ ਡੀ ਡੀ ਪੀ ਓ ਗੁਰਨੇਤਰ ਸਿੰਘ, ਪੰਚਾਇਤ ਸਕੱਤਰ ਇਕਬਾਲ ਸਿੰਘ ਅਤੇ ਪਿੰਡ ਪੰਡਰਾਲੀ ਦੇ ਸਰਪੰਚ ਸ. ਗੁਰਮੁੱਖ ਸਿੰਘ ਪੰਡਰਾਲੀ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

----------------------------------------------------

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਕਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਜ਼ਿਲ੍ਹੇ ਦੇ ਪਿੰਡਾਂ ਨੂੰ ਕੀਤਾ ਜਾ ਰਿਹਾ ਹੈ ਸੈਨੇਟਾਈਜ਼

ਪਿੰਡਾਂ ਦੀਆਂ ਪੰਚਾਇਤਾਂ ਵੱਧ ਚੜ੍ਹ ਕੇ ਪ੍ਰਸ਼ਾਸਨ ਨੂੰ ਦੇ ਰਹੀਆਂ ਹਨ ਸਹਿਯੋਗ

ਫ਼ਤਹਿਗੜ੍ਹ ਸਾਹਿਬ, 01 ਅਪ੍ਰੈਲ

ਕੋਰੋਨਾ ਵਾਇਰਸ ਤੋਂ ਬਚਾਅ ਲਈ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਪਿੰਡਾਂ ਨੂੰ ਸੈਨੇਟਾਈਜ਼ ਕੀਤਾ ਜਾ ਰਿਹਾ ਹੈ ਤੇ ਇਸ ਕਾਰਜ ਵਿੱਚ ਪਿੰਡਾਂ ਦੀਆਂ ਪੰਚਾਇਤਾਂ ਵੱਧ ਚੜ੍ਹ ਕੇ ਪ੍ਰਸ਼ਾਸਨ ਨੂੰ ਸਹਿਯੋਗ ਦੇ ਰਹੀਆਂ ਹਨ। ਇਹ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ. ਅਮਰੀਕ ਸਿੰਘ ਸਿੱਧੂ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਪਿੰਡਾਂ ਵਿੱਚ ਬੀ ਡੀ ਪੀ ਓਜ਼ ਅਤੇ ਸੈਕਟਰ ਅਫਸਰਾਂ ਵੱਲੋਂ ਪੰਚਾਇਤਾਂ ਨਾਲ ਤਾਲਮੇਲ ਕਰਕੇ ਸੈਨੇਟਾਈਜੇਸ਼ਨ ਕਰਵਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚੁੱਕੇ ਜਾ ਰਹੇ ਹਨ ਕਦਮਾਂ ਸਬੰਧੀ ਪਿੰਡਾਂ ਦੇ ਵਸਨੀਕਾਂ ਵੱਲੋਂ ਵੀ ਭਰਵੀਂ ਸ਼ਲਾਘਾ ਕੀਤੀ ਜਾ ਰਹੀ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਿੰਡਾਂ ਵਿੱਚ ਗੁਰਦੁਆਰਾ ਸਾਹਿਬਾਨ ਤੋਂ ਅਨਾਂਊਸਮੈਂਟ ਕਰਵਾਉਣ ਦੇ ਨਾਲ ਨਾਲ ਵੱਖ ਵੱਖ ਸੰਚਾਰ ਸਾਧਨਾਂ ਰਾਹੀਂ ਲੋਕਾਂ ਨੂੰ ਕੋਰੋਨਾ ਵਾਇਰਸ ਤੋ ਬਚਾਅ ਸਬੰਧੀ ਵੱਧ ਤੋਂ ਵੱਧ ਸਾਫ ਸਫਾਈ ਰੱਖਣ ਲਈ ਵੀ ਪ੍ਰੇਰਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਛੋਟੇ ਬੱਚਿਆਂ

ਅਤੇ ਬਜ਼ੁਰਗਾਂ ਦਾ ਖਾਸ ਖਿਆਲ ਰੱਖਿਆ ਜਾਵੇ ਅਤੇ ਆਪਣੇ ਹੱਥਾਂ ਨੂੰ ਵਾਰ-ਵਾਰ ਸਾਬਣ ਅਤੇ ਪਾਣੀ ਨਾਲ ਧੋਇਆ ਜਾਵੇ। ਖੰਘ ਜਾਂ ਛਿੱਕਣ ਸਮੇਂ ਆਪਣਾ ਮੂੰਹ ਅਤੇ ਨੱਕ ਰੁਮਾਲ ਨਾਲ ਢੱਕਿਆ ਜਾਵੇ ਕਿਉਂਕਿ ਇਹ ਬਿਮਾਰੀ ਇੱਕ ਪੀੜਤ ਵਿਅਕਤੀ ਤੋਂ ਤੰਦਰੁਸਤ ਵਿਅਕਤੀ ਨੂੰ ਥੁੱਕ ਕਣਾਂ ਰਾਹੀਂ ਫੈਲਦੀ ਹੈ। ਇਸ ਲਈ ਫਲੂ ਵਰਗੇ ਲੱਛਣਾਂ ਵਾਲੇ ਵਿਅਕਤੀ ਤੋਂ ਇੱਕ ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ। ਕਿਸੇ ਵੀ ਵਿਅਕਤੀ ਨਾਲ ਹੱਥ ਨਾ ਮਿਲਾਇਆ ਜਾਵੇ।

-----------------------------------------------------------